ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)
(ਪੰਜਾਬ ਮਿਊਂਸੀਪਲ ਭਵਨ, ਪਲਾਟ ਨੰ: 3, ਸੈਕਟਰ 35ਏ, ਚੰਡੀਗੜ੍ਹ)

## ਨੋਟੀਫਿਕੇਸ਼ਨ

10/31/2013-3ਸਸ3 3188

ਮਿਤੀ; ਚੰਡੀਗੜ੍ਹ: 31-12-2020

ਜਿਲ੍ਹਾ ਬਠਿੰਡਾ ਦੀ ਗ੍ਰਾਮ ਪੰਚਾਇਤ ਬਾਲਿਆਂਵਾਲੀ ਦੇ ਖੇਤਰ ਨੂੰ ਨਗਰ ਪੰਚਾਇਤ ਘੋਸ਼ਿਤ ਕਰਨ ਤੋਂ ਪਹਿਲਾਂ ਪੰਜਾਬ ਮਿਉਂਸੀਪਲ ਐਕਟ 1911 ਦੀ ਧਾਰਾ 4(1) ਅਧੀਨ ਮੁਢਲਾ ਨੋਟੀਫਿਕੇਸ਼ਨ ਨੰ: 10/31/2013-3ਸਸ3/49116/1, ਮਿਤੀ 07.05.2013 ਜਾਰੀ ਕੀਤਾ ਗਿਆ ਸੀ ਅਤੇ ਮਿਥੇ ਸਮੇਂ ਅੰਦਰ ਕੋਈ ਇਤਰਾਜ ਪ੍ਰਾਪਤ ਨਹੀਂ ਹੋਇਆ। ਇਸ ਉਪਰੰਤ ਪੰਜਾਬ ਮਿਉਂਸੀਪਲ ਐਕਟ 1911 ਦੀ ਧਾਰਾ 4(1) ਅਧੀਨ ਨੋਟੀਫਿਕੇਸ਼ਨ ਨੰ: 10/31/2013-3ਸਸ3/133054/1, ਮਿਤੀ: 05.12.2013 ਰਾਹੀਂ ਨਗਰ ਪੰਚਾਇਤ ਬਾਲਿਆਵਾਲੀ ਦੀ ਰਚਨਾ ਕੀਤੀ ਗਈ ਸੀ।

2. ਰਿਜਨਲ ਡਿਪਟੀ ਡਾਇਰੈਕਟਰ ਸਥਾਨਕ ਸਰਕਾਰ ਬਠਿੰਡਾ ਵੱਲੋਂ ਪੱਤਰ ਨੰ: 2ਡਡਸਸ-19/4353 ਮਿਤੀ 23.12.2019 ਰਾਹੀਂ ਰਿਪੋਰਟ ਕੀਤੀ ਗਈ ਕਿ ਨਗਰ ਪੰਚਾਇਤ, ਬਾਲਿਆਂਵਾਲੀ ਦੀ ਸੰਭਾਵਤ ਸਲਾਨਾ ਆਮਦਨ ਕੇਵਲ 117.10 ਲੱਖ ਰੁਪਏ ਹੈ, ਜਦੋਂ ਕਿ ਸੰਭਾਵਤ ਸਲਾਨਾ ਖਰਚੇ 193.50 ਲੱਖ ਰੁਪਏ ਹੈ। ਇਸ ਤਰ੍ਹਾਂ ਨਗਰ ਪੰਚਾਇਤ ਨੂੰ 76.40 ਲੱਖ ਰੁਪਏ ਦਾ ਸਲਾਨਾ ਘਾਟਾ ਪੈ ਰਿਹਾ ਹੈ ਅਤੇ ਨਗਰ ਪੰਚਾਇਤ ਦੀ ਦੇਣਦਾਰੀ ਹਰ ਸਾਲ ਵਧਦੀ ਹੀ ਜਾਵੇਗੀ; ਜਿਸ ਕਰਕੇ ਨਗਰ ਪੰਚਾਇਤ ਨੂੰ ਲਿਟੀਗੇਸ਼ਨ ਦਾ ਸਾਹਮਣਾ ਕਰਨਾ ਪੈ ਸਕਦਾ ਹੈ ਅਤੇ ਨਗਰ ਪੰਚਾਇਤ ਬਾਲਿਆਵਾਲੀਸ਼ਹਿਰ ਨਿਵਾਸੀਆ ਨੂੰ ਮੁਢਲੀਆਂ ਸਹੂਲਤਾਂ ਦੇਣ ਤੋਂ ਅਸਮੱਰਥ ਹੋ ਸਕਦੀ ਹੈ। ਨਗਰ ਪੰਚਾਇਤ, ਬਾਲਿਆਵਾਲੀਦੀ ਆਰਥਿਕ ਹਾਲਤ ਮੰਦੀ ਹੋਣ ਕਰਕੇ ਰਿਜਨਲ ਡਿਪਟੀ ਡਾਇਰੈਕਟਰ, ਬਠਿੰਡਾ ਦੇ ਪੱਤਰ ਨੰ: 2ਡਡਸਸ-19/4353, ਮਿਤੀ: 23.12.2019 ਰਾਹੀਂ ਨਗਰ ਪੰਚਾਇਤ, ਬਾਲਿਆਵਾਲੀ ਨੂੰ ਡੀ-ਨੋਟੀਫਾਈਡ ਕਰਨ ਦੀ ਤਜਵੀਜ ਭੇਜੀ ਗਈ।

3. ਨਗਰ ਪੰਚਾਇਤ, ਬਾਲਿਆਂਵਾਲੀ ਨੂੰ ਡੀ-ਨੋਟੀਫਾਈਡ ਕਰਨ ਤੋਂ ਪਹਿਲਾਂ ਸਰਕਾਰ ਵੱਲੋਂ ਨੋਟੀਫਿਕੇਸ਼ਨ ਨੰ: 10/31/2013-3ਸਸ3/2778 ਮਿਤੀ 29.10.2020 ਰਾਹੀਂ ਵਸਨੀਕਾਂ ਤੋਂ 30 ਦਿਨਾਂ ਦੇ ਅੰਦਰ ਅੰਦਰ ਇਤਰਾਜ ਮੰਗੇ ਗਏ ਸਨ। ਵਸਨੀਕਾਂ ਵੱਲੋਂ ਪ੍ਰਾਪਤ ਇਤਰਾਜਾਂ ਨੂੰ ਵਿਚਾਰਨ ਉਪਰੰਤ ਸੱਕਤਰ, ਪੰਜਾਬ ਸਰਕਾਰ, ਸਥਾਨਕ ਸਰਕਾਰ ਵਿਭਾਗ ਵੱਲੋਂ ਮਿਤੀ 18.12.2020 ਨੂੰ ਵਸਨੀਕਾਂ ਨੂੰ ਨਿੱਜੀ ਸੁਣਵਾਈ ਦਾ ਮੌਕਾ ਦਿੱਤਾ ਗਿਆ। ਸੁਣਵਾਈ ਦੌਰਾਨ ਪੇਸ ਕੀਤੇ ਇਤਰਾਜਾਂ ਤੇ ਡਿਪਟੀ ਕਮਿਸਨਰ, ਬਠਿੰਡਾ ਤੋਂ ਪੱਤਰ ਨੰ: 10/36/2013-3ਸਸ3(4ਸਸ3)/3113 ਮਿਤੀ 22.12.2020 ਰਾਹੀਂ ਟਿੱਪਣੀ ਮੰਗੀ ਗਈ। ਡਿਪਟੀ ਕਮਿਸਨਰ, ਬਠਿੰਡਾ ਤੋਂ ਪੱਤਰ ਨੰ: 1478/ਨ.ਪ.ਸ-1 ਮਿਤੀ 24.12.2020 ਰਾਹੀਂ ਇਤਰਾਜਾਂ ਤੇ ਟਿੱਪਣੀ ਦਿੰਦੇ ਹੋਏ ਸੂਚਿਤ ਕੀਤਾ ਹੈ ਕਿ ਨਗਰ ਪੰਚਾਇਤ, ਬਾਲਿਆਵਾਲੀ ਦੀ ਆਮਦਨ ਲਗਭਗ 117.10 ਲੱਖ ਰੁਪਏ ਅਤੇ ਖਰਚਾ ਲਗਭਗ 193.50 ਲੱਖ ਰੁਪਏ ਹੈ। ਇਸ ਤਰ੍ਹਾਂ ਨਗਰ ਪੰਚਾਇਤ, ਬਾਲਿਆਵਾਲੀ ਲਗਭਗ 76.40 ਲੱਖ ਰੁਪਏ ਹਰ ਸਾਲ ਘਾਟੇ ਵਿਚ ਹੋਵੇਗੀ ਅਤੇ ਨਗਰ ਪੰਚਾਇਤ, ਬਾਲਿਆਵਾਲੀ ਸਹਿਰ ਨਿਵਾਸੀਆਂ ਨੂੰ ਮੁਢਲੀਆਂ ਸਹੂਲਤਾਂ ਦੇਣ ਤੋਂ ਅਸਮਰਥ ਹੋ ਸਕਦੀ ਹੈ। ਜੇਕਰ ਨਗਰ ਪੰਚਾਇਤ ਨੂੰ ਡੀ-ਨੋਟਿਫਾਇਡ ਕੀਤਾ ਜਾਂਦਾ ਹੈ ਤਾਂ ਸਫਾਈ ਸਬੰਧੀ ਵਿਵਸਥਾ ਗਰਾਮ ਪੰਚਾਇਤ ਵੱਲੋਂ ਸੁਚੇਰੇ ਢੰਗ ਨਾਲ ਕੀਤੀ ਜਾ ਸਕਦੀ ਹੈ। ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ ਬਠਿੰਡਾ ਵਲੋਂ ਆਪਣੇ ਪੱਤਰ ਨੰ.2ਡਸਸ-2020/4370 ਮਿਤੀ 23.12.2020 ਰਾਹੀਂ ਸੂਚਿਤ ਕੀਤਾ ਹੈ ਕਿ ਚਾਰ ਨਗਰ ਪੰਚਾਇਤਾਂ ਵਿਚ ਸਿਰਫ ਇੱਕ-ਇੱਕ ਕਲਰਕ ਰੈਗੂਲਰ ਤੌਰ ਤੇ ਕੰਮ ਕਰ ਰਿਹਾ ਹੈ। ਇਨ੍ਹਾਂ ਚਾਰ ਕਲਰਕਾਂ ਨੂੰ ਕਿਸੇ ਵੀ ਨਗਰ ਕੌਂਸਲ/ਨਗਰ ਪੰਚਾਇਤ ਵਿਚ ਐਡਜਸਟ ਕਰ ਦਿੱਤਾ ਜਾਵੇਗਾ।

Scanned by CamScanner

4. ਉਕਤ ਦਰਸਾਏ ਤੱਥਾਂ ਨੂੰ ਵਿਚਾਰਨ ਉਪਰੰਤ ਪ੍ਰਾਪਤ ਹੋਏ ਇਤਰਾਜ਼ਾਂ ਨੂੰ ਮੂੰਹ ਬੋਲਦੇ ਹੁਕਮ ਨੰ.10/36/2013-3ਸਸ3/3164 ਮਿਤੀ 29.12.2020 ਰਾਹੀਂ ਰੱਦ ਕਰਦੇ ਹੋਏ ਪੰਜਾਬ ਮਿਉਂਸਪਲ ਐਕਟ 1911 ਦੀ ਧਾਰਾ 5 ਅਧੀਨ ਨਗਰ ਪੰਚਾਇਤ, ਬਾਲਿਆਵਾਲੀ ਨੂੰ ਡੀ-ਨੋਟੀਫਾਈਡ ਕੀਤਾ ਜਾਂਦਾ ਹੈ।

5. ਇਹ ਨੋਟੀਫਿਕੇਸ਼ਨ ਮਾਨਯੋਗ ਮੁੱਖ ਮੰਤਰੀ, ਪੰਜਾਬ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

ਮਿਤੀ; ਚੰਡੀਗੜ੍ਹ:
31-12-2020

ਅਜੋਏ ਕੁਮਾਰ ਸਿਨਹਾ, ਆਈ.ਏ.ਐਸ.
ਸਕੱਤਰ, ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ

ਪਿੱਠ ਅੰਕਣ ਨੰ: 10/31/2013-3ਸਸ3 3189 ਮਿਤੀ; ਚੰਡੀਗੜ੍ਹ: 31-12-2020

ਇਸਦੀ ਇੱਕ ਕਾਪੀ ਕੰਟਰੋਲਰ ਪ੍ਰਿੰਟਿੰਗ ਅਤੇ ਸਟੇਸ਼ਨਰੀ ਵਿਭਾਗ, ਪੰਜਾਬ, ਐਸ.ਏ.ਐਸ.ਨਗਰ ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਇਹ ਅਧਿਸੂਚਨਾ ਪੰਜਾਬ ਸਰਕਾਰ ਦੇ ਗਜ਼ਟ (ਅਸਧਾਰਨ) ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ਅਤੇ ਅਧਿਸੂਚਨਾ ਦੀਆਂ 10 ਕਾਪੀਆਂ ਇਸ ਵਿਭਾਗ ਨੂੰ ਰਿਕਾਰਡ ਹਿੱਤ ਭੇਜੀਆਂ ਜਾਣ।

ਅਧੀਨ ਸਕੱਤਰ

ਪਿ:ਅੰ:ਨੰ: 10/31/2013-3ਸਸ3 3190 ਮਿਤੀ; ਚੰਡੀਗੜ੍ਹ: 31-12-2020

ਇਸ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਵਿੱਤੀ ਕਮਿਸ਼ਨਰ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਪੰਜਾਬ, ਚੰਡੀਗੜ੍ਹ;
2. ਡਾਇਰੈਕਟਰ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ);
3. ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ;
4. ਸਕੱਤਰ, ਪੰਜਾਬ ਰਾਜ ਚੋਣ ਕਮਿਸ਼ਨ, ਚੰਡੀਗੜ੍ਹ;
5. ਡਿਪਟੀ ਕਮਿਸ਼ਨਰ,ਬਠਿੰਡਾ;
6. ਉਪ ਮੰਡਲ ਮੈਜਿਸਟਰੇਟ, ਮੌੜ ਮੰਡੀ;
7. ਤਹਿਸੀਲਦਾਰ, ਮੌੜ ਮੰਡੀ;
8. ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਮੌੜ ਮੰਡੀ;
9. ਮੁੱਖ ਇੰਜੀਨੀਅਰ (ਨਗਰ ਕੌਂਸਲ), ਸਥਾਨਕ ਸਰਕਾਰ ਵਿਭਾਗ,ਪੰਜਾਬ,ਚੰਡੀਗੜ੍ਹ;
10. ਟਾਊਨ ਪਲੈਨਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ;
11. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਥਾਨਕ ਸਰਕਾਰ, ਪੰਜਾਬ, ਚੰਡੀਗੜ੍ਹ;
12. ਸਹਾਇਕ ਡਾਇਰੈਕਟਰ, ਚੋਣਾਂ, ਸਥਾਨਕ ਸਰਕਾਰ ਵਿਭਾਗ,ਪੰਜਾਬ,ਚੰਡੀਗੜ੍ਹ;
13. ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਬਠਿੰਡਾ;
14. ਕਾਰਜ ਸਾਧਕ ਅਫਸਰ, ਨਗਰ ਪੰਚਾਇਤ ਬਾਲਿਆਂਵਾਲੀ ਨੂੰ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਬਣਦੀ ਅਗਲੇਰੀ ਕਾਰਵਾਈ ਕਰਨੀ ਯਕੀਨੀ ਬਣਾਈ ਜਾਵੇ।

ਅਧੀਨ ਸਕੱਤਰ

Scanned by CamScanner